

ਅਜੀਤ, ਚੰਡੀਗੜ੍ਹ
# ਫ਼ਤਹਿਗੜ੍ਹ ਸਾਹਿਬ ਅਜੀਤ
ਬੁੱਧਵਾਰ, 29 ਅਕਤੂਬਰ 2025





## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 29 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਬਰਤੋੜ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 29 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਦਵਿੰਦਰ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਗੁਰਸੇਵਕ ਸਿੰਘ ਤੇ 30 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਣ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੁੱਢਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।



ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰ. 10 ਅਜਨਾਲੀ ਵਿਖੇ ਛੱਠ ਪੂਜਾ ਨੂੰ ਸਮਰਪਿਤ ਪ੍ਰਵਾਸੀ ਭਾਈਚਾਰੇ ਵਲੋਂ ਕਰਵਾਏ ਗਏ ਵਿਸ਼ਾਲ ਮਾਂ ਭਗਵਤੀ ਜਾਗਰਨ ਦੀ ਜੋਤੀ ਪ੍ਰਚੰਡ ਕਰਨ ਸਮੇਂ ਮੁੱਖ ਮਹਿਮਾਨ ਗੁਰਪ੍ਰੀਤ ਸਿੰਘ ਰਾਜੂ ਖੰਨਾ, ਪ੍ਰਬੰਧਕਾਂ ਤੇ ਲੀਡਰਸ਼ਿਪ ਨਾਲ। ਅਜੀਤ ਤਸਵੀਰ

## ਪ੍ਰਵਾਸੀ ਭਾਈਚਾਰੇ ਵਲੋਂ ਅਜਨਾਲੀ ਵਿਖੇ ਕਰਵਾਇਆ ਗਿਆ ਵਿਸ਼ਾਲ ਭਗਵਤੀ ਜਾਗਰਨ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਇਕਬਾਲਦੀਪ ਸੰਧੂ)-ਸਮੇਂ-ਸਮੇਂ 'ਤੇ ਕਰਵਾਏ ਜਾਂਦੇ ਧਾਰਮਿਕ ਸਮਾਗਮ ਜਿੱਥੇ ਨਵੀਂ ਚੇਤਨਤਾ ਪੈਦਾ ਕਰਦੇ ਹਨ, ਉੱਥੇ ਸਮਾਜਿਕ ਬੁਰਾਈਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵੀ ਵਧੇਰੇ ਸਹਾਈ ਹੁੰਦੇ ਹਨ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਪ੍ਰਵਾਸੀ ਭਾਈਚਾਰੇ ਵਲੋਂ ਅਜੀਤ ਕੁਮਾਰ ਚੌਧਰੀ ਦੀ ਅਗਵਾਈ ਵਿਚ ਛੱਠ ਪੂਜਾ ਨੂੰ ਸਮਰਪਿਤ ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰ. 10 ਅਜਨਾਲੀ ਵਿਖੇ ਮਾਂ ਭਗਵਤੀ ਦੇ ਕਰਵਾਏ ਗਏ ਵਿਸ਼ਾਲ ਜਾਗਰਣ ਦੀ ਜੋਤੀ ਪ੍ਰਚੰਡ ਕਰਨ ਸਮੇਂ ਵੱਡੀ ਗਿਣਤੀ ਜੁੜੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਰਾਜੂ ਖੰਨਾ ਨੇ ਕਿਹਾ ਜਿੱਥੇ ਇਹ ਸਮਾਗਮ ਧਾਰਮਿਕ ਸੰਸਕਾਰ ਪੈਦਾ ਕਰਦੇ ਹਨ, ਉੱਥੇ ਨੌਜਵਾਨ ਪੀੜ੍ਹੀ ਲਈ ਰਾਹ ਦਸੇਰਾ ਵੀ ਬਣਦੇ ਹਨ। ਇਨ੍ਹਾਂ ਸਮਾਗਮਾਂ ਰਾਹੀਂ ਸਾਨੂੰ ਗੁਰੂਆਂ, ਪੀਰਾਂ ਪੈਗ਼ੰਬਰਾਂ ਦੀ ਬਾਣੀ ਤੇ ਗ੍ਰੰਥਾਂ ਨਾਲ ਜੁੜਨ ਦਾ ਅਵਸਰ ਵੀ ਪ੍ਰਾਪਤ ਹੁੰਦਾ ਹੈ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਨੁਮਾਇੰਦਿਆਂ, ਯੂਥ ਕਲੱਬਾਂ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿਚ ਪਣਪ ਰਹੀਆਂ ਬੁਰਾਈਆਂ 'ਤੇ ਫ਼ਤਹਿ ਪਾਉਣ ਲਈ ਥਾਂ-ਥਾਂ ਧਾਰਮਿਕ ਸਮਾਗਮ ਜਿੱਥੇ ਵੀ ਕਰਵਾਉਣ, ਉੱਥੇ ਵਾਤਾਵਰਨ ਨੂੰ ਬਚਾਉਣ ਲਈ ਇਕ ਲਹਿਰ ਖੜ੍ਹੀ ਕਰਕੇ ਵੱਧ ਤੋਂ ਵੱਧ ਬੂਟੇ ਵੀ ਜ਼ਰੂਰ ਲਗਵਾਉਣ। ਇਸ ਮੌਕੇ 'ਤੇ ਸਮਾਗਮ ਦੇ ਮੁੱਖ ਪ੍ਰਬੰਧਕ ਅਜੀਤ ਕੁਮਾਰ ਚੌਧਰੀ ਦੀ ਸਮੁੱਚੀ ਟੀਮ ਵਲੋਂ ਜਿੱਥੇ ਮੁੱਖ ਮਹਿਮਾਨ ਗੁਰਪ੍ਰੀਤ ਸਿੰਘ ਰਾਜੂ ਖੰਨਾ, ਸਮਾਜ ਸੇਵਕ ਕੌਸ਼ਲ ਮਿਸ਼ਰਾ, ਫ਼ੌਜੀ ਬਲਬੀਰ ਸਿੰਘ ਸਿੱਧੂ, ਸਰਪੰਚ ਜਰਨੈਲ ਸਿੰਘ ਮਾਜਰੀ, ਜਥੇਦਾਰ ਸੋਮਨਾਥ ਅਜਨਾਲੀ, ਸ਼ਿਵਰਾਤ ਤਿਵਾੜੀ, ਯੂਥ ਆਗੂ ਹਰਦੀਪ ਸਿੰਘ ਗੱਗਾ, ਬੇਟੀ ਜੱਜਰਾਂ ਤੇ ਸਿਮਰਨਜੀਤ ਸਿੰਘ ਡਿਪਟੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ, ਉੱਥੇ ਗੁਰਪ੍ਰੀਤ ਸਿੰਘ ਰਾਜੂ ਖੰਨਾ ਵਲੋਂ ਪ੍ਰਵਾਸੀ ਭਾਈਚਾਰੇ ਦੀ ਸਮੁੱਚੀ ਟੀਮ ਨੂੰ ਇਹ ਸਮਾਗਮ ਹਰ ਸਾਲ ਕਰਵਾਉਣ 'ਤੇ ਵਧਾਈ ਦਿੰਦੇ ਹੋਏ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦਾ ਭਰੋਸਾ ਵੀ ਦਿੱਤਾ ਗਿਆ। ਇਸ ਸਮਾਗਮ ਵਿਚ ਅਮਿਤ ਸਿਨ੍ਹਾ, ਗੁਰਮਨ ਢੀਂਡਸਾ, ਵਿਜੈ ਠਾਕੁਰ, ਕਿਸ਼ੋਰੀ, ਧਰਮਿੰਦਰ ਪਟੇਲ, ਸਚਿਨ ਠਾਕੁਰ, ਅਨੀਸ਼ ਕੁਮਾਰ ਯਾਦਵ, ਵਿਨੋਦ ਪੰਡਿਤ, ਲਾਲ ਬਾਬੂ, ਮਨੀਸ਼ ਯਾਦਵ, ਅਰਜੁਨ ਗੁਪਤਾ, ਵਿਪਨ ਯਾਦਵ, ਸੰਜੇ ਯਾਦਵ, ਨਰੇਸ਼ ਚੋਪੜਾ, ਪੰਕਜ ਕੁਮਾਰ, ਸਮਿੰਦਰ ਪਾਸਵਾਨ ਤੋਂ ਇਲਾਵਾ ਵੱਡੀ ਗਿਣਤੀ ਵਿਚ ਪ੍ਰਵਾਸੀ ਭਾਈਚਾਰੇ ਦੇ ਲੋਕ ਮੌਜੂਦ ਸਨ।

## ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵਲੋਂ ਮੰਡੀ ਗੋਬਿੰਦਗੜ੍ਹ ਤੋਂ ਫ਼ਤਹਿਗੜ੍ਹ ਸਾਹਿਬ ਤੱਕ ਲਿੰਕ ਸੜਕ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ

*** 2.19 ਕਰੋੜ ਦੀ ਲਾਗਤ ਨਾਲ ਬਣੇਗੀ 10.80 ਕਿਲੋਮੀਟਰ ਲੰਬੀ ਸੜਕ * ਡਡਹੇੜੀ ਤੋਂ ਅਲੀਪੁਰ ਤੇ ਡਡਹੇੜੀ ਤੋਂ ਲੁਹਾਰ ਮਾਜਰਾ ਕਲਾਂ ਸੜਕਾਂ ਦੇ ਨਿਰਮਾਣ ਕਾਰਜ ਵੀ ਸ਼ੁਰੂ ਕਰਵਾਏ**

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵਲੋਂ ਵਿਧਾਨ ਸਭਾ ਹਲਕਿਆਂ ਅਧੀਨ ਆਉਂਦੀਆਂ ਲਿੰਕ ਸੜਕਾਂ ਦੀ ਦਿੱਖ ਨੂੰ ਸੁਧਾਰਨ ਲਈ ਲਗਾਤਾਰ ਵੱਡੀਆਂ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਅਤੇ ਇਸੇ ਲੜੀ ਤਹਿਤ ਜਲਦੀ ਹੀ ਹਲਕਾ ਅਮਲੋਹ ਅਧੀਨ ਆਉਂਦੀਆਂ ਲਿੰਕ ਸੜਕਾਂ ਦਾ ਵੀ ਪੂਰੀ ਤਰ੍ਹਾਂ ਕਾਇਆ ਕਲਪ ਕਰ ਦਿੱਤਾ ਜਾਵੇਗਾ। ਇਹ ਪ੍ਰਗਟਾਵਾ ਵਿਧਾਇਕ ਬੜਿੰਗ ਨੇ ਅੱਜ ਤਿੰਨ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਕੀਤਾ। ਵਿਧਾਇਕ ਬੜਿੰਗ ਨੇ ਕਿਹਾ ਕਿ ਹਲਕੇ ਦਾ ਯੋਜਨਾਬੱਧ ਢੰਗ ਨਾਲ ਸਰਵਪੱਖੀ ਵਿਕਾਸ ਕਰਵਾਉਣ ਦੀ ਪ੍ਰਕਿਰਿਆ ਜਾਰੀ ਹੈ, ਜਿਸ ਤਹਿਤ ਅੱਜ ਮੰਡੀ ਗੋਬਿੰਦਗੜ੍ਹ ਤੋਂ ਫ਼ਤਹਿਗੜ੍ਹ ਸਾਹਿਬ ਵਾਇਆ ਡਡਹੇੜੀ ਤੇ ਕੋਟਲਾ ਡਡਹੇੜੀ ਦੀ ਸੜਕ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ ਹੈ ਅਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਨਿਰਧਾਰਿਤ ਸਮੇਂ ਅੰਦਰ ਕੰਮਾਂ ਨੂੰ ਨੇਪਰੇ ਚੜ੍ਹਾਇਆ ਜਾਵੇ। ਉਨ੍ਹਾਂ ਦੱਸਿਆ ਕਿ ਇਸ ਕਰੀਬ 10.80 ਕਿਲੋਮੀਟਰ ਲੰਬੀ ਸੜਕ 'ਤੇ 2.19 ਕਰੋੜ ਦੀ ਲਾਗਤ ਆਵੇਗੀ ਤੇ ਇਹ ਅਗਲੇ ਤਿੰਨ ਤੋਂ ਚਾਰ ਮਹੀਨਿਆਂ ਅੰਦਰ ਮੁਕੰਮਲ ਹੋਵੇਗੀ। ਵਿਧਾਇਕ ਬੜਿੰਗ ਨੇ ਦੱਸਿਆ ਕਿ ਇਸੇ ਤਰ੍ਹਾਂ ਪੰਜਾਬ ਮੰਡੀ ਬੋਰਡ ਅਧੀਨ ਆਉਂਦੀਆਂ ਦੋ ਸੜਕਾਂ ਦੇ ਨਿਰਮਾਣ ਕਾਰਜ ਵੀ ਆਰੰਭ ਕੀਤੇ ਗਏ ਹਨ ਜਿਸ ਤਹਿਤ ਕਰੀਬ 77 ਲੱਖ ਦੀ ਲਾਗਤ ਨਾਲ ਡਡਹੇੜੀ ਤੋਂ ਲੁਹਾਰ ਮਾਜਰਾ ਕਲਾਂ ਅਤੇ ਕਰੀਬ 78 ਲੱਖ ਦੀ ਲਾਗਤ ਨਾਲ ਡਡਹੇੜੀ ਤੋਂ ਅਲੀਪੁਰ ਤੋਂ ਇਸਮਾਈਲਪੁਰ ਸੜਕ ਤਿਆਰ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਸੜਕਾਂ ਮਾਰਚ 2026 ਤੱਕ ਮੁਕੰਮਲ ਹੋਣਗੀਆਂ ਅਤੇ ਸੜਕਾਂ ਦਾ ਨਵੀਨੀਕਰਨ ਹੋਣ ਨਾਲ ਨੇੜਲੇ ਪਿੰਡਾਂ ਦੇ ਲੋਕ ਵੱਡੀ ਰਾਹਤ ਮਹਿਸੂਸ ਕਰਨਗੇ। ਇਸ ਮੌਕੇ ਚੇਅਰਮੈਨ ਜਗਦੀਪ ਸਿੰਘ ਚੱਠਾ, ਸਰਪੰਚ ਅਮਨਿੰਦਰ ਸਿੰਘ ਗਰੇਵਾਲ, ਸੁਖਬੀਰ ਸਿੰਘ ਗਰੇਵਾਲ, ਜਗਜੀਵਨ ਸਿੰਘ ਔਲਖ, ਭੁਪਿੰਦਰ ਸਿੰਘ ਸੰਧੂ, ਰੋਹਿਤ ਗੋਇਲ, ਸਤਪਾਲ ਸਿੰਘ ਲੋਧੀ, ਐਸ.ਡੀ.ਓ. ਪੰਜਾਬ ਮੰਡੀ ਬੋਰਡ ਗੁਰਪ੍ਰੀਤ ਸਿੰਘ, ਜੇ.ਈ. ਮੰਡੀ ਬੋਰਡ ਸੁਖਮਨਰਾਜ ਸਿੰਘ, ਜੇ.ਈ ਲੋਕ ਨਿਰਮਾਣ ਵਿਭਾਗ ਦਲਜੀਤ ਮਸੀਹ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਦੇ ਹੋਏ। ਅਜੀਤ ਤਸਵੀਰ



ਲਾਂਚ ਸਮਾਗਮ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਤੇਜਿੰਦਰ ਕੌਰ, ਪ੍ਰਧਾਨ ਡਾ. ਸੰਦੀਪ ਸਿੰਘ ਯੂਨੀਵਰਸਿਟੀ ਦੇ ਅਧਿਕਾਰੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ। ਅਜੀਤ ਤਸਵੀਰ

## ਦੇਸ਼ ਭਗਤ ਯੂਨੀਵਰਸਿਟੀ ਵਲੋਂ ਪੀ. ਐਸ. ਸੀ. ਏ. ਈ. ਦੁਆਰਾ ਪ੍ਰਵਾਨਿਤ ਬੀ.ਐਸ.ਸੀ. (ਆਨਰਜ਼) ਖੇਤੀਬਾੜੀ ਪ੍ਰੋਗਰਾਮ ਸ਼ੁਰੂ

ਅਮਲੋਹ, 28 ਅਕਤੂਬਰ (ਕੇਵਲ ਸਿੰਘ)-ਦੇਸ਼ ਭਗਤ ਯੂਨੀਵਰਸਿਟੀ ਦੇ ਖੇਤੀਬਾੜੀ ਅਤੇ ਜੀਵਨ ਵਿਗਿਆਨ ਫੈਕਲਟੀ ਨੇ ਪੰਜਾਬ ਰਾਜ ਖੇਤੀਬਾੜੀ ਸਿੱਖਿਆ ਪ੍ਰੀਸ਼ਦ ਤੋਂ ਅਧਿਕਾਰਤ ਪ੍ਰਵਾਨਗੀ ਤੋਂ ਬਾਅਦ ਆਪਣੇ ਬੀ.ਐਸ.ਸੀ. (ਆਨਰਜ਼) ਖੇਤੀਬਾੜੀ ਪ੍ਰੋਗਰਾਮ ਦੀ ਸ਼ੁਰੂਆਤ ਦਾ ਐਲਾਨ ਕੀਤਾ। ਇਹ ਮੀਲ ਪੱਥਰ ਖੇਤੀਬਾੜੀ ਸਿੱਖਿਆ, ਨਵੀਨਤਾ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਨਵੇਂ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਖੇਤੀ ਅਭਿਆਸਾਂ, ਖੇਤੀਬਾੜੀ-ਕਾਰੋਬਾਰ ਪ੍ਰਬੰਧਨ ਅਤੇ ਖੇਤੀਬਾੜੀ ਵਿਚ ਨਵੀਆਂ ਤਕਨਾਲੋਜੀਆਂ ਦਾ ਠੋਸ ਗਿਆਨ ਪ੍ਰਦਾਨ ਕਰਨਾ ਹੈ। ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕੀਤਾ। ਉਨ੍ਹਾਂ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਰਾਸ਼ਟਰੀ ਤਰਜੀਹਾਂ ਦੇ ਅਨੁਸਾਰ ਆਪਣੀਆਂ ਅਕਾਦਮਿਕ ਪੇਸ਼ਕਸ਼ਾਂ ਦਾ ਵਿਸਤਾਰ ਕਰਨਾ ਜਾਰੀ ਰੱਖਦੀ ਹੈ। ਡਾ. ਤਜਿੰਦਰ ਕੌਰ, ਪ੍ਰੋ-ਚਾਂਸਲਰ, ਅਤੇ ਡਾ. ਸੰਦੀਪ ਸਿੰਘ, ਪ੍ਰਧਾਨ ਨੇ ਵੀ ਖੇਤੀਬਾੜੀ ਅਤੇ ਜੀਵਨ ਵਿਗਿਆਨ ਫੈਕਲਟੀ ਨੂੰ ਇਸ ਮਹੱਤਵਪੂਰਨ ਮਾਨਤਾ ਲਈ ਵਧਾਈ ਦਿੱਤੀ। ਲਾਂਚ ਸਮਾਗਮ ਵਿਚ ਯੂਨੀਵਰਸਿਟੀ ਦੇ ਅਧਿਕਾਰੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਸ਼ਾਮਿਲ ਸਨ। ਇਸ ਸਮਾਗਮ ਦੌਰਾਨ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਖੇਤੀਬਾੜੀ ਅਤੇ ਜੀਵਨ ਵਿਗਿਆਨ ਫੈਕਲਟੀ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਪ੍ਰੋਗਰਾਮ ਪੇਂਡੂ ਨੌਜਵਾਨਾਂ ਲਈ ਨਵੇਂ ਮੌਕੇ ਪੈਦਾ ਕਰੇਗਾ ਅਤੇ ਪੰਜਾਬ ਵਿਚ ਖੇਤੀਬਾੜੀ ਵਾਤਾਵਰਣ ਨੂੰ ਵਧਾਏਗਾ। ਦੇਸ਼ ਭਗਤ ਯੂਨੀਵਰਸਿਟੀ ਵਿਖੇ ਬੀ.ਐਸ.ਸੀ. (ਆਨਰਜ਼) ਖੇਤੀਬਾੜੀ ਪ੍ਰੋਗਰਾਮ ਦਾ ਉਦੇਸ਼ ਹੁਨਰਮੰਦ ਪੇਸ਼ੇਵਰਾਂ ਨੂੰ ਵਿਕਸਿਤ ਕਰਨਾ ਹੈ ਜੋ ਭੋਜਨ ਸੁਰੱਖਿਆ ਨੂੰ ਬਿਹਤਰ ਬਣਾਉਣ, ਵਾਤਾਵਰਨ ਦੀ ਰੱਖਿਆ ਕਰਨ ਅਤੇ ਖੇਤੀਬਾੜੀ-ਉੱਦਮਤਾ ਨੂੰ ਉਤਸ਼ਾਹਿਤ ਕਰਨ ਵਿਚ ਮਦਦ ਕਰਨਗੇ।



ਬਾਬਾ ਬੀਰਮ ਦਾਸ ਡੀ. ਏ. ਵੀ. ਪਬਲਿਕ ਸਕੂਲ ਚਨਾਰਥਲ ਖ਼ੁਰਦ ਦੇ ਵਿਦਿਆਰਥੀ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ। ਅਜੀਤ ਤਸਵੀਰ

## ਡੀ. ਏ. ਵੀ. ਪਬਲਿਕ ਸਕੂਲ ਚਨਾਰਥਲ ਦੇ ਵਿਦਿਆਰਥੀਆਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨ ਕੀਤੇ

ਜਖਵਾਲੀ, 28 ਅਕਤੂਬਰ (ਨਿਰਭੈ ਸਿੰਘ)-ਬਾਬਾ ਬੀਰਮ ਦਾਸ ਡੀ.ਏ.ਵੀ. ਪਬਲਿਕ ਸਕੂਲ ਚਨਾਰਥਲ ਖ਼ੁਰਦ ਵਲੋਂ ਪ੍ਰਿੰਸੀਪਲ ਮੀਨਾਕਸ਼ੀ ਲਾਂਬਾ ਦੀ ਅਗਵਾਈ ਹੇਠ ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਯਾਤਰਾ ਕਰਵਾਈ ਗਈ। ਇਸ ਮੌਕੇ ਪ੍ਰਿੰਸੀਪਲ ਮੀਨਾਕਸ਼ੀ ਲਾਂਬਾ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ ਤਾਂ ਬੱਚੇ ਜੋ ਆਪਣੇ ਵਿਰਸੇ ਨਾਲ ਜੁੜ ਸਕਣ। ਉਨ੍ਹਾਂ ਕਿਹਾ ਕਿ ਸਾਨੂੰ ਬੱਚਿਆਂ ਨੂੰ ਸਿੱਖਿਆਤਮਿਕ ਅਤੇ ਮੰਨੋਰੰਜਕ ਥਾਵਾਂ ਦੀ ਯਾਤਰਾ ਕਰਵਾਉਣੀ ਚਾਹੀਦੀ ਹੈ। ਜਿਸ ਨਾਲ ਬੱਚੇ ਪੰਜਾਬ ਦੀ ਸ਼ਾਨਦਾਰ ਵਿਰਾਸਤ ਦੇ ਨਾਲ-ਨਾਲ ਪੰਜਾਬੀ ਸੱਭਿਆਚਾਰ ਬਾਰੇ ਵੀ ਜਾਣਕਾਰੀ ਪ੍ਰਾਪਤ ਕਰ ਸਕਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਆਨੰਦਪੁਰ ਸਾਹਿਬ ਦੇ ਦਰਸ਼ਨ ਕਰਵਾਉਣ ਉਪਰੰਤ ਸਿੱਖ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਵਿਰਾਸਤ-ਏ-ਖਾਲਸਾ ਮਿਊਜ਼ੀਅਮ ਦਾ ਦੌਰਾ ਕਰਵਾਇਆ ਗਿਆ। ਇਸ ਯਾਤਰਾ ਨੂੰ ਸਫਲ ਬਣਾਉਣ ਵਿਚ ਅਧਿਆਪਕ ਗੁਰਪ੍ਰੀਤ ਸਿੰਘ, ਪੂਜਾ, ਰਵਿੰਦਰ ਸਿੰਘ, ਨਵਨੀਤ ਕੌਰ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

## ਕੁਦਰਤੀ ਕਰੋਪੀ ਕਾਰਨ ਕਿਸਾਨ ਦੋਹਰੀ ਮਾਰ ਝੱਲਣ ਲਈ ਮਜਬੂਰ-ਰਾਣਾ

ਖਮਾਣੋਂ, 28 ਅਕਤੂਬਰ (ਮਨਮੋਹਣ ਸਿੰਘ ਕਲੇਰ)-ਪ੍ਰਵੀਨ ਰਾਣਾ ਪ੍ਰਧਾਨ ਮਹਿਲਾ ਕਾਂਗਰਸ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਨੇ ਕਿਹਾ ਕਿ ਕਿਸਾਨਾਂ ਦੀ ਇਸ ਸਾਲ ਬੇਮੌਸਮੀ ਬਾਰਸ਼ ਅਤੇ ਹੜ੍ਹਾਂ ਕਾਰਨ ਜੀਰੀ ਦੀ ਹੀ ਫ਼ਸਲ ਖ਼ਰਾਬ ਨਹੀਂ ਹੋਈ ਸਗੋਂ ਸਬਜ਼ੀਆਂ ਦੀ ਫ਼ਸਲਾਂ ਗੋਭੀ, ਖੀਰਾ, ਬੈਂਗਣ ਵਗੈਰਾ ਖ਼ਰਾਬ ਹੋਣ ਕਾਰਨ ਕਿਸਾਨ ਬਹੁਤ ਘਾਟੇ ਵਿਚ ਜਾ ਰਿਹਾ ਹੈ।



ਕਿਉਂਕਿ ਸਬਜ਼ੀ ਦੀ ਫ਼ਸਲ 'ਤੇ ਹੋਰ ਫ਼ਸਲਾਂ ਨਾਲੋਂ ਜ਼ਿਆਦਾ ਖ਼ਰਚ ਹੁੰਦਾ ਹੈ। ਜਿਸ ਕਾਰਨ ਕਿਸਾਨ ਕਾਫ਼ੀ ਸਦਮੇ ਵਿਚ ਹੈ। ਰਾਣਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਪੰਜਾਬ ਦੀ ਡੁੱਬ ਰਹੀ ਕਿਸਾਨੀ ਨੂੰ ਬਚਾਉਣ ਦਾ ਉਪਰਾਲਾ ਕਰੇ ਅਤੇ ਪੰਜਾਬ ਸਰਕਾਰ ਕਿਸਾਨਾਂ ਨੂੰ ਘੱਟੋ ਘੱਟ 25000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦੇਵੇ। ਕੇਂਦਰ ਸਰਕਾਰ 500 ਰੁਪਏ ਇਕ ਕੁਇੰਟਲ ਦੇ ਹਿਸਾਬ ਨਾਲ ਬੋਨਸ ਦੇ ਕੇ ਡੁੱਬਦੀ ਕਿਸਾਨੀ ਨੂੰ ਬਚਾਉਣ ਦਾ ਯਤਨ ਕਰੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਕਣਕ ਦੀ ਬਿਜਾਈ ਲਈ ਡੀ.ਏ.ਪੀ. ਖਾਦ ਦੀ ਚੋਰ ਬਾਜ਼ਾਰੀ ਰੋਕ ਕੇ ਸਪਲਾਈ ਯਕੀਨੀ ਬਣਾਈ ਜਾਵੇ ਤਾਂ ਜੋ ਕਿਸਾਨ ਕਣਕ ਦੀ ਬਿਜਾਈ ਸਹੀ ਸਮੇਂ 'ਤੇ ਕਰ ਸਕਣ।



ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਬਲਦੇਵ ਸਿੰਘ ਦਮਹੇੜੀ ਪਿੰਡ ਵਿਚ ਦੌਰੇ ਦੌਰਾਨ ਕਿਸਾਨਾਂ ਨਾਲ ਗੱਲਬਾਤ ਕਰਦੇ ਹੋਏ।

## ਝੋਨੇ ਦਾ ਝਾੜ ਘਟਣਾ ਬਹੁਤ ਹੀ ਮੰਦਭਾਗਾ, ਸਰਕਾਰ ਨੂੰ ਮੁਆਵਜ਼ਾ ਜਾਰੀ ਕਰਨ ਦੀ ਅਪੀਲ-ਪ੍ਰਧਾਨ ਦਮਹੇੜੀ

ਬਸੀ ਪਠਾਣਾਂ, 28 ਅਕਤੂਬਰ (ਐਚ.ਐਸ.ਗੌਤਮ)-ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਬਲਦੇਵ ਸਿੰਘ ਦਮਹੇੜੀ ਵਲੋਂ ਖੇੜਾ ਬਲਾਕ ਦੇ ਕਈ ਪਿੰਡਾਂ ਦਾ ਦੌਰਾ ਕਰਕੇ ਝੋਨੇ ਦਾ ਝਾੜ ਘੱਟਣ ਸੰਬੰਧੀ ਕਿਸਾਨਾਂ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਦੱਸਿਆ ਕਿ ਬੌਨਾ ਰੋਗ, ਬੇਮੌਸਮੀ ਬਰਸਾਤ ਅਤੇ ਹਲਦੀ ਰੋਗ ਨਾਲ ਝਾੜ ਘੱਟ ਗਿਆ ਜਿਸ ਕਰਕੇ ਕੁਝ ਕਿਸਾਨਾਂ ਨੇ ਤਾਂ ਫ਼ਸਲ ਖੇਤ ਵਿਚ ਹੀ ਵਾਹ ਦਿੱਤੀ ਹੈ। ਉਨ੍ਹਾਂ ਨੇ ਕਿਰਪਾਲ ਸਿੰਘ ਪਿੰਡ ਤਲਾਣੀਆਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਇਸ ਕਿਸਾਨ ਵਲੋਂ 6 ਏਕੜ, ਬਲਵੰਤ ਸਿੰਘ ਜਮੀਤਗੜ੍ਹ ਵਲੋਂ ਵੀ ਚਾਰ ਏਕੜ ਝੋਨਾ ਖੇਤ ਵਿਚ ਵਾਹ ਦਿੱਤਾ ਗਿਆ ਹੈ। ਅਜਿਹੇ ਹੋਰ ਵੀ ਬਹੁਤ ਸਾਰੇ ਕਿਸਾਨ ਹਨ ਜਿਨ੍ਹਾਂ ਨੇ ਖੇਤ ਵਿਚ ਹੀ ਝੋਨਾ ਵਾਹ ਦਿੱਤਾ ਜਿਸ ਲਈ ਸਰਕਾਰ ਨੂੰ ਅਪੀਲ ਹੈ ਕਿ ਝੋਨੇ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਰਾਜ ਦੇ ਖੇਤੀਬਾੜੀ ਵਿਭਾਗ ਲਈ ਵੀ ਇਹ ਨਾਮੋਸ਼ੀ ਦੀ ਗੱਲ ਹੈ ਕਿ ਪਹਿਲਾਂ ਸਾਲ 2023 ਵਿਚ ਝੋਨੇ ਦੀ ਫ਼ਸਲ ਵਿਚ ਮਹਾਂਮਾਰੀ ਕਾਰਨ ਖ਼ਰਾਬ ਹੋਈ ਤੇ ਹੁਣ ਫਿਰ ਇਸ ਦਾ ਪ੍ਰਚੰਡ ਪ੍ਰਕੋਪ ਫੈਲਿਆ ਹੈ। ਖੇਤੀ ਵਿਗਿਆਨੀ ਅਤੇ ਹੋਰ ਖੇਤੀ ਮਾਹਿਰ ਇਸ ਦਾ ਕੋਈ ਇਲਾਜ ਨਹੀਂ ਲੱਭ ਸਕੇ ਖੇਤੀਬਾੜੀ ਵਿਭਾਗ ਵਲੋਂ ਇਸ ਤਰ੍ਹਾਂ ਕਿਸਾਨਾਂ ਨੂੰ ਅਨਾਥ ਛੱਡਣਾ ਸੂਬਾ ਸਰਕਾਰ ਦੀ ਛਵੀ ਖ਼ਰਾਬ ਕਰਦਾ ਹੈ। ਉਨ੍ਹਾਂ ਮੁੱਖ ਮੰਤਰੀ ਨੂੰ ਬੇਨਤੀ ਕੀਤੀ ਕਿ ਝਾੜ ਦਾ ਮੁਆਵਜ਼ਾ ਜਾਰੀ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਨਾਲ ਜਥੇਬੰਦੀ ਦੇ ਹਰਦੇਵ ਸਿੰਘ ਪਮੌਰ ਜ਼ਿਲ੍ਹਾ ਪ੍ਰਧਾਨ ਵੀਰਪਾਲ ਸਿੰਘ ਨਰਾਇਣਾ ਯੂਥ ਪ੍ਰਧਾਨ ਜਗਤਾਰ ਸਿੰਘ ਨਰੈਣਾ, ਕੁਲਦੀਪ ਸਿੰਘ ਲੁਹਾਰ ਮਾਜਰਾ ਜਨਰਲ ਸਕੱਤਰ, ਛੋਟਾ ਸਿੰਘ ਫ਼ਤਹਿਪੁਰ ਆਗੂ ਹਾਜ਼ਰ ਸਨ।



ਜੇਤੂ ਸੁਖਮਨੀ ਕੌਰ ਨੂੰ ਸਨਮਾਨਿਤ ਕਰਦੇ ਹੋਏ ਵਿਸ਼ਵ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ ਪਰਿਤਪਾਲ ਸਿੰਘ ਤੇ ਹੋਰ। ਅਜੀਤ ਤਸਵੀਰ

## ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲੇ 'ਚ ਕੋਟਲਾ ਬਜਵਾੜਾ ਸਕੂਲ ਦੀ ਸੁਖਮਨੀ ਕੌਰ ਰਹੀ ਅੱਵਲ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਰਾਜਿੰਦਰ ਸਿੰਘ)-ਭਾਸ਼ਾ ਵਿਭਾਗ ਵਲੋਂ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਗਿਆ। ਇਹ ਮੁਕਾਬਲਾ ਤਿੰਨ ਭਾਗਾਂ ਵਿਚ ਕਰਵਾਇਆ ਗਿਆ। ਜਿਸ ਵਿਚ ਪਹਿਲਾ ਛੇਵੀਂ ਤੋਂ ਅੱਠਵੀਂ, ਦੂਜਾ ਨੌਵੀਂ ਤੋਂ ਬਾਰ੍ਹਵੀਂ ਅਤੇ ਤੀਜਾ ਬੀ.ਏ. ਵਾਲੇ ਵਿਦਿਆਰਥੀਆਂ ਨੇ ਇਸ ਵਿਚ ਭਾਗ ਲਿਆ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਲਾ ਬਜਵਾੜਾ ਦੀ ਵਿਦਿਆਰਥਣ ਸੁਖਮਨੀ ਕੌਰ ਨੇ ਛੇਵੀਂ ਤੋਂ ਅੱਠਵੀਂ ਦੇ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕੀਤਾ। ਇਸ ਸੰਬੰਧੀ ਸਕੂਲ ਪ੍ਰਿੰਸੀਪਲ ਡਾ. ਗੁਰਦੀਪ ਕੌਰ ਨੇ ਦੱਸਿਆ ਕਿ ਸੁਖਮਨੀ ਕੌਰ ਨੂੰ ਵਿਭਾਗ ਵਲੋਂ ਨਕਦ ਇਨਾਮ ਤੇ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਹੁਣ ਇਹ ਵਿਦਿਆਰਥਣ ਸਟੇਟ ਪੱਧਰੀ ਮੁਕਾਬਲੇ ਵਿਚ ਭਾਗ ਲਵੇਗੀ।



ਪ੍ਰਵਾਸੀ ਸਮਾਜ ਨੂੰ ਵਧਾਈ ਦੇਣ ਪਹੁੰਚੇ ਸਾਬਕਾ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਤੇ ਹੋਰ ਆਗੂ। ਅਜੀਤ ਤਸਵੀਰ

## ਸਮਾਜਿਕ ਮਜ਼ਬੂਤੀ ਲਈ ਸਾਨੂੰ ਸਾਰੇ ਤਿਉਹਾਰ ਰਲਮਿਲ ਕੇ ਮਨਾਉਣੇ ਚਾਹੀਦੇ ਹਨ-ਕਾਕਾ ਰਣਦੀਪ ਸਿੰਘ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਇਕਬਾਲਦੀਪ ਸੰਧੂ)-ਛੱਠ ਪੂਜਾ ਸੇਵਾ ਸੰਮਤੀ ਮੰਡੀ ਗੋਬਿੰਦਗੜ੍ਹ ਵਲੋਂ ਪ੍ਰਵਾਸੀ ਭਾਈਚਾਰੇ ਦੇ ਪਵਿੱਤਰ ਤਿਉਹਾਰ ਛੱਠ ਪੂਜਾ 'ਤੇ ਕਰਵਾਏ ਗਏ ਸਮਾਗਮ ਵਿਚ ਸਾਬਕਾ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਪ੍ਰਵਾਸੀ ਸਮਾਜ ਨੂੰ ਵਧਾਈ ਦਿੰਦੇ ਕਿਹਾ ਕਿ ਪ੍ਰਵਾਸੀ ਸਮਾਜ ਜਿੱਥੇ-ਜਿੱਥੇ ਵੀ ਹੈ ਇਹ ਤਿਉਹਾਰ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਅਤੇ ਸਮਾਜਿਕ ਮਜ਼ਬੂਤੀ ਲਈ ਸਾਨੂੰ ਸਾਰੇ ਤਿਉਹਾਰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਉਨ੍ਹਾਂ ਸੂਏ 'ਤੇ ਪੂਜਾਂ ਲਈ ਪੌੜੀਆਂ ਨਾ ਬਣਾਉਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਇਸ ਮੌਕੇ ਡਾ. ਮਨਮੋਹਨ ਕੌਸ਼ਲ, ਕੌਂਸਲਰ ਬੌਬੀ ਸਿੰਗਲਾ, ਰਣਜੀਤ ਸਿੰਘ ਅੰਬੇਮਾਜਰਾ, ਲਾਲ ਸਿੰਘ ਲਾਲੀ, ਕਮਲਜੀਤ ਜੱਸੜ੍ਹਾਂ, ਰਾਮ ਕੇਵਲ ਯਾਦਵ, ਸੁਭਾਸ਼ ਵਰਮਾ, ਨਵੀ ਸਿੱਧੂ, ਨੀਤੂ ਸਿੰਘੀ, ਸ਼ਸ਼ੀ ਬਾਲਾ, ਨੈਨਸੀ ਸ਼ਰਮਾ, ਮਾਸਟਰ ਜਰਨੈਲ ਸਿੰਘ, ਕ੍ਰਿਸ਼ਨ ਯਾਦਵ, ਵਿਮਲ ਗੁਪਤਾ, ਨਵਦੀਪ ਸਿੰਘ, ਲੱਕੀ, ਦਿਨੇਸ਼ ਸਿੰਘੀ ਆਦਿ ਹਾਜ਼ਰ ਸਨ।



ਗੋਲ ਮਾਰਕੀਟ ਦੁਕਾਨਦਾਰ ਐਸੋਸੀਏਸ਼ਨ ਮੈਂਬਰਾਂ ਸਮੇਤ ਲਖਦਾਤਰੀ ਸ੍ਰੀ ਸ਼ਿਆਮ ਮੰਦਰ ਦੇ ਅਹੁਦੇਦਾਰ ਜਾਣਕਾਰੀ ਦਿੰਦੇ ਹੋਏ। ਅਜੀਤ ਤਸਵੀਰ

## ਸ੍ਰੀ ਸ਼ਿਆਮ ਦੇ ਜਨਮ ਦਿਵਸ ਦੀ ਯਾਦ 'ਚ ਸ੍ਰੀ ਸ਼ਿਆਮ ਨਿਸ਼ਾਨ ਯਾਤਰਾ ਕੱਢੀ 2 ਨੂੰ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਇਕਬਾਲਦੀਪ ਸੰਧੂ)-ਲਖਦਾਤਰੀ ਸ੍ਰੀ ਸ਼ਿਆਮ ਮੰਦਿਰ ਦੇ ਅਹੁਦੇਦਾਰਾਂ ਵਲੋਂ ਸ੍ਰੀ ਸ਼ਿਆਮ ਜਨਮ ਉਤਸਵ ਦੇ ਮੌਕੇ 'ਤੇ ਗੋਬਿੰਦ ਧਾਮ ਵਲੋਂ ਸ੍ਰੀ ਨਿਸ਼ਾਨ ਯਾਤਰਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿਚ ਸ਼ਿਆਮ ਪ੍ਰੇਮੀ ਗੁਲਸ਼ਨ ਧੀਮਾਨ ਨੇ ਦੱਸਿਆ ਕਿ ਸ੍ਰੀ ਸ਼ਿਆਮ ਯਾਤਰਾ ਪ੍ਰੀਤ ਨਗਰ ਦੇ ਬਾਬਾ ਬਾਲਕ ਨਾਥ ਮੰਦਿਰ ਤੋਂ ਲਖਦਾਤਰੀ ਸ੍ਰੀ ਸ਼ਿਆਮ ਮੰਦਿਰ ਤੱਕ ਐਤਵਾਰ 2 ਨਵੰਬਰ ਨੂੰ ਸਵੇਰੇ 7 ਵਜੇ ਕੱਢੀ ਜਾਵੇਗੀ। ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਅਤੇ ਸਮਾਜਿਕ ਧਾਰਮਿਕ ਸੰਗਠਨਾਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪ੍ਰੀਤ ਨਗਰ ਬਾਬਾ ਬਾਲਕ ਨਾਥ ਮੰਦਿਰ ਤੋਂ ਨਿਸ਼ਾਨ ਲੈ ਕੇ ਆਉਣ। ਉਨ੍ਹਾਂ ਦੀ ਯਾਤਰਾ ਲਈ ਵੀ ਪ੍ਰਬੰਧ ਕੀਤੇ ਗਏ ਹਨ। ਮੰਦਿਰ ਪਹੁੰਚਣ 'ਤੇ ਬਾਬਾ ਦੀ ਉਸਤਤ ਕੀਤੀ ਜਾਵੇਗੀ ਅਤੇ ਬਾਬਾ ਜੀ ਦਾ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਯੋਗੇਸ਼ ਡਾਟਾ, ਅੰਕੁਰ ਗਰਗ, ਗੁਲਸ਼ਨ ਧੀਮਾਨ, ਰਾਜਨ ਚਿਕਰਸਲ, ਨਰਾਇਣ ਦਾਸ ਮਨੋਜ, ਅਮਿਤ ਗਰਗ, ਵਰੁਣ ਗੌਤਮ, ਗੋਲ ਮਾਰਕੀਟ ਦੁਕਾਨਦਾਰ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਭਾਟੀਆ, ਜਨਰਲ ਸਕੱਤਰ ਡਾ. ਅਮਿਤ ਸੰਦਲ, ਖ਼ਜ਼ਾਨਚੀ ਕਮਲ ਨੇਤਰ ਸ਼ਰਮਾ, ਨਿਤਿਨ ਸੱਗੜ, ਮੁਰਾਰੀ ਲਾਲ, ਮੁਰਾਰੀ ਲਾਲ, ਸੰਜੇ ਗਰਗ, ਨਮਨ ਭਾਟੀਆ ਆਦਿ ਹਾਜ਼ਰ ਸਨ।

## ਸਾਇਬਰ ਕੈਫ਼ੇ ਦੀ ਅਣ-ਅਧਿਕਾਰਿਤ ਵਰਤੋਂ ਨੂੰ ਰੋਕਣ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਸਾਈਬਰ ਕੈਫ਼ੇ ਦੇ ਮਾਲਕਾਂ ਲਈ ਜਾਰੀ ਕੀਤੇ ਦਿਸ਼ਾ ਨਿਰਦੇਸ਼ਾਂ 'ਚ ਕਿਹਾ ਕਿ ਸਾਈਬਰ ਕੈਫ਼ੇ 'ਤੇ ਪ੍ਰਾਪਤ ਸਹੂਲਤਾਂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੀ ਪਹਿਚਾਣ ਦੇ ਰਿਕਾਰਡ ਲਈ ਰਜਿਸਟਰ ਲਗਾਇਆ ਜਾਵੇ। ਸਾਈਬਰ ਕੈਫ਼ੇ 'ਤੇ ਆਉਣ ਵਾਲੇ, ਵਰਤੋਂ ਕਰਨ ਵਾਲੇ ਵਿਅਕਤੀ ਦੀ ਸ਼ਨਾਖ਼ਤ ਉਸ ਦੇ ਪਹਿਚਾਣ ਪੱਤਰ, ਵੋਟਰ ਕਾਰਡ, ਰਾਸ਼ਨ ਕਾਰਡ, ਡਰਾਈਵਿੰਗ ਲਾਇਸੰਸ, ਪਾਸਪੋਰਟ, ਕਰੈਡਿਟ ਕਾਰਡ ਆਦਿ ਵੇਖ ਕੇ ਕੀਤੀ ਜਾਵੇ। ਸਾਈਬਰ ਕੈਫ਼ੇ ਵਿਚ ਸਥਿਤ ਵਿਅਕਤੀ ਆਪਣੇ ਹੱਥ ਨਾਲ ਆਪਣਾ ਨਾਮ, ਘਰ ਦਾ ਪਤਾ, ਟੈਲੀਫ਼ੋਨ ਨੰਬਰ ਅਤੇ ਪਹਿਚਾਣ ਸੰਬੰਧੀ ਸਬੂਤ ਇੰਦਰਾਜ ਕਰੇਗਾ ਅਤੇ ਰਜਿਸਟਰ ਵਿਚ ਹਸਤਾਖ਼ਰ ਕਰੇਗਾ। ਹੁਕਮਾਂ 'ਚ ਇਹ ਵੀ ਕਿਹਾ ਕਿ ਜੇਕਰ ਸਾਈਬਰ ਕੈਫ਼ੇ ਵਿਚ ਆਉਣ ਵਾਲੇ ਕਿਸੇ ਵੀ ਵਿਅਕਤੀ ਦੀ ਗਤੀਵਿਧੀ ਸਾਈਬਰ ਕੈਫ਼ੇ ਦੇ ਮਾਲਕ ਨੂੰ ਸ਼ੱਕੀ ਲੱਗਦੀ ਹੈ ਤਾਂ ਉਹ ਸੰਬੰਧਿਤ ਥਾਣੇ ਨੂੰ ਸੂਚਿਤ ਕਰੇਗਾ। ਜ਼ਿਲ੍ਹੇ ਵਿਚ ਬਹੁਤ ਸਾਰੀਆਂ ਦੁਕਾਨਾਂ ਅਤੇ ਕਮਰਸ਼ੀਅਲ ਸਥਾਨ ਹੋਂਦ ਵਿਚ ਆ ਰਹੇ ਹਨ। ਜੋ ਕਿ ਸਾਈਬਰ ਕੈਫ਼ੇ ਦੇ ਤੌਰ 'ਤੇ ਜਾਣੇ ਜਾਂਦੇ ਹਨ। ਇਹ ਹੁਕਮ 27 ਦਸੰਬਰ, 2025 ਤੱਕ ਲਾਗੂ ਰਹਿਣਗੇ।



ਪੱਤਰਕਾਰੀ ਵਿਭਾਗ ਵਲੋਂ ਕਰਵਾਏ ਫ਼ੋਟੋ ਕੈਪਸ਼ਨ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨਾਲ ਅਧਿਆਪਕ। ਅਜੀਤ ਤਸਵੀਰ

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਨੇ ਮਨਾਇਆ ਵਿਸ਼ਵ ਵਿਕਾਸ ਸੂਚਨਾ ਦਿਵਸ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਅਤੇ ਜਨਸੰਚਾਰ ਵਿਭਾਗ ਵਲੋਂ ਵਿਸ਼ਵ ਵਿਕਾਸ ਸੂਚਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੀ ਵਿਵਹਾਰਿਕ ਸਿਰਜਣਾਤਮਿਕਤਾ ਨੂੰ ਉਭਾਰਨ ਲਈ ਫ਼ੋਟੋ ਕੈਪਸ਼ਨ ਮੁਕਾਬਲਾ ਕਰਵਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਨੂੰ ਵਿਕਾਸ ਨਾਲ ਜੁੜੀ ਇਕ ਤਸਵੀਰ 'ਤੇ ਅਰਥਪੂਰਨ ਕੈਪਸ਼ਨ ਲਿਖਣ ਲਈ ਪ੍ਰੇਰਿਤ ਕੀਤਾ ਗਿਆ ਸੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਜਿੱਥੇ ਵਿਦਿਆਰਥੀਆਂ ਦੇ ਵਿੱਦਿਅਕ ਅਤੇ ਵਿਹਾਰਕ ਗਿਆਨ ਵਿਚ ਵਾਧਾ ਕਰਦੇ ਹਨ, ਉੱਥੇ ਉਨ੍ਹਾਂ ਵਿਚ ਦੇਸ਼-ਦੁਨੀਆ ਵਿਚ ਵਾਪਰ ਰਹੀਆਂ ਘਟਨਾਵਾਂ ਨੂੰ ਵਿਸਥਾਰ ਨਾਲ ਪੜ੍ਹਨ ਅਤੇ ਸਮਝਣ ਦੀ ਰੁਚੀ ਵੀ ਪੈਦਾ ਕਰਦੇ ਹਨ। ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਇਸ ਮੁਕਾਬਲੇ ਨੇ ਵਿਦਿਆਰਥੀਆਂ ਦੀ ਰਚਨਾਤਮਿਕ ਪ੍ਰਤਿਭਾ ਨੂੰ ਨਿਖਾਰਨ, ਆਮ ਜਾਣਕਾਰੀ ਵਿਚ ਵਾਧਾ ਕਰਨ, ਆਲੋਚਨਾਤਮਿਕ ਚਿੰਤਨ ਪੈਦਾ ਕਰਨ ਅਤੇ ਤਸਵੀਰ ਦਾ ਸਹੀ ਵਿਸ਼ਲੇਸ਼ਣ ਕਰਨ ਵਿਚ ਅਹਿਮ ਭੂਮਿਕਾ ਨਿਭਾਈ। ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ. ਰੰਜਿਤਾ ਸ਼ਰਮਾ ਨੇ ਦੱਸਿਆ ਕਿ ਵਿਸ਼ਵ ਵਿਕਾਸ ਸੂਚਨਾ ਦਿਵਸ ਮੌਕੇ ਕਰਵਾਏ ਫ਼ੋਟੋ ਕੈਪਸ਼ਨ ਲੇਖਣ ਮੁਕਾਬਲੇ ਵਿਚ ਵਿਭਾਗ ਦੇ ਵਿਦਿਆਰਥੀਆਂ ਸੰਤੋਸ਼, ਵੈਦੇਹੀ, ਅਦਿੱਤਯ ਸ਼ੋਰੀ, ਜਸ਼ਨਪ੍ਰੀਤ ਸਿੰਘ, ਭਵਨੀਤ ਕੌਰ ਅਤੇ ਕਿਰਨਜੋਤ ਕੌਰ ਨੇ ਵਧੀਆ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼ ਅਤੇ ਪ੍ਰੋ. ਅਮਨਦੀਪ ਕੌਰ ਹਾਜ਼ਰ ਸਨ।

## ਮਿਲਟਰੀ ਰੰਗ ਦੀਆਂ ਵਰਦੀਆਂ ਪਾਉਣ ਤੇ ਵਾਹਨ ਚਲਾਉਣ 'ਤੇ ਲਗਾਈ ਪਾਬੰਦੀ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੀ ਆਮ ਜਨਤਾ ਨੂੰ ਹੁਕਮ ਦਿੱਤੇ ਹਨ ਕਿ ਜ਼ਿਲ੍ਹੇ ਅੰਦਰ ਕੋਈ ਵੀ ਵਿਅਕਤੀ ਔਲਿਵ ਰੰਗ ਦੀ ਮਿਲਟਰੀ ਵਰਦੀ ਅਤੇ ਔਲਿਵ ਰੰਗ (ਮਿਲਟਰੀ ਰੰਗ) ਦੀਆਂ ਜੀਪਾਂ, ਮੋਟਰ ਸਾਈਕਲ, ਮੋਟਰ ਗੱਡੀਆਂ ਦੀ ਵਰਤੋਂ ਨਹੀਂ ਕਰੇਗਾ। ਇਹ ਹੁਕਮ ਮਿਲਟਰੀ ਅਧਿਕਾਰੀਆਂ ਤੇ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਣਗੇ। ਜਾਰੀ ਹੁਕਮਾਂ ਵਿਚ ਕਿਹਾ ਗਿਆ ਕਿ ਅਜਿਹੇ ਰੰਗ ਦੀ ਵਰਦੀ ਜਾਂ ਵਾਹਨ ਦੀ ਵਰਤੋਂ ਸਮਾਜ ਵਿਰੋਧੀ ਤੱਤਾਂ ਵਲੋਂ ਕਰਦੇ ਹੋਏ ਕੋਈ ਵੀ ਗੈਰ ਕਾਨੂੰਨੀ ਕਾਰਵਾਈ ਜਾਂ ਹਿੰਸਕ ਘਟਨਾ ਕੀਤੀ ਜਾ ਸਕਦੀ ਹੈ ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਖ਼ਤਰਾ ਪੈਦਾ ਹੋ ਸਕਦਾ ਹੈ। ਇਸ ਲਈ ਵੱਖਰੇਪਣ ਨੂੰ ਯਕੀਨੀ ਬਣਾਉਣ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਮਿਲਟਰੀ ਰੰਗ ਦੀ ਵਰਦੀ ਤੇ ਵਾਹਨਾਂ ਦੀ ਆਮ ਵਿਅਕਤੀਆਂ ਵਲੋਂ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ। ਇਹ ਹੁਕਮ 27 ਦਸੰਬਰ 2025 ਤੱਕ ਲਾਗੂ ਰਹਿਣਗੇ।



ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ।



ਸੈਮੀਨਾਰ ਦੌਰਾਨ ਇੰਸਪੈਕਟਰ ਸ਼ਕੁੰਤ ਚੌਧਰੀ, ਸਬ-ਇੰਸਪੈਕਟਰ ਭੁਪਿੰਦਰ ਕੁਮਾਰ, ਸਕੂਲ ਪ੍ਰਿੰਸੀਪਲ ਮਲਕੀਤ ਸਿੰਘ ਗੁਰਾਇਆ ਤੇ ਹੋਰ ਸਟਾਫ਼। ਅਜੀਤ ਤਸਵੀਰ

## ਵਿਜੀਲੈਂਸ ਬਿਊਰੋ ਵਲੋਂ 'ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ' ਦੇ ਨਾਅਰੇ ਤਹਿਤ ਜਾਗਰੂਕਤਾ ਗਤੀਵਿਧੀਆਂ ਤੇਜ਼

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਵਿਜੀਲੈਂਸ ਬਿਊਰੋ ਦੇ ਚੀਫ਼ ਡਾਇਰੈਕਟਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਵਿਜੀਲੈਂਸ ਜਾਗਰੂਕਤਾ ਸਪਤਾਹ ਆਰੰਭ ਹੋ ਗਿਆ ਹੈ ਜੋ ਕਿ 2 ਨਵੰਬਰ ਤੱਕ ਜਾਰੀ ਰਹੇਗਾ। ਇਸ ਹਫ਼ਤੇ ਤਹਿਤ ਕਰਵਾਏ ਜਾਣ ਵਾਲੇ ਸਮਾਗਮਾਂ ਤੇ ਸੈਮੀਨਾਰਾਂ ਰਾਹੀਂ ਨਾਗਰਿਕਾਂ ਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਖ਼ਾਤਮੇ ਵਿਚ ਵੱਧ-ਚੜ੍ਹ ਕੇ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਰੂਪਨਗਰ ਰੇਂਜ ਦੇ ਸੀਨੀਅਰ ਕਪਤਾਨ ਪੁਲਿਸ ਵਿਜੀਲੈਂਸ ਬਿਊਰੋ ਦੀਆਂ ਹਦਾਇਤਾਂ ਦੀ ਪਾਲਨਾ ਵਜੋਂ ਇੰਸਪੈਕਟਰ ਸ਼ਕੁੰਤ ਚੌਧਰੀ, ਸਬ ਇੰਸਪੈਕਟਰ ਭੁਪਿੰਦਰ ਕੁਮਾਰ ਤੇ ਟੀਮ ਵਲੋਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸਰਹਿੰਦ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ 'ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ' ਤਹਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵੀ ਦੱਸਿਆ ਗਿਆ। ਬੁਲਾਰਿਆਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਦੱਸਿਆ ਕਿ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਵੱਧ-ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ ਅਤੇ ਜੇਕਰ ਕੋਈ ਵੀ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕੰਮ ਕਰਨ ਦੇ ਬਦਲੇ ਵਿਚ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਐਂਟੀ ਕਰੱਪਸ਼ਨ ਐਕਸ਼ਨ ਲਾਈਨ ਨੰਬਰ 9501-200-200 ਅਤੇ ਟੋਲ ਫ਼੍ਰੀ ਨੰਬਰ 1800-1800-1000 'ਤੇ ਆਪਣੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਬੁਲਾਰਿਆਂ ਨੇ ਦੱਸਿਆ ਕਿ ਕੋਈ ਵੀ ਨਾਗਰਿਕ ਵਿਜੀਲੈਂਸ ਬਿਊਰੋ ਯੂਨਿਟ ਦਫ਼ਤਰ ਵਿਖੇ ਵੀ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਇਸ ਦੌਰਾਨ ਸਕੂਲੀ ਵਿਦਿਆਰਥੀਆਂ ਨੂੰ ਜਾਗਰੂਕਤਾ ਹਫ਼ਤੇ ਤਹਿਤ ਪੈਂਫਲੈਂਟ ਵੰਡੇ ਗਏ। ਸੈਮੀਨਾਰ ਦੌਰਾਨ ਸਕੂਲ ਪ੍ਰਿੰਸੀਪਲ ਮਲਕੀਤ ਸਿੰਘ ਗੁਰਾਇਆ ਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਰਹੇ।

ਸੰਪਾਦਕ-ਰਾਜਿੰਦਰ ਸਿੰਘ। ਸ੍ਰੀਮਤੀ ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਡੀ. 219, ਇੰਡਸਟਰੀਅਲ ਏਰੀਆ, ਫੇਸ 8 ਬੀ., ਸੈਕਟਰ 74, ਮੁਹਾਲੀ ਤੋਂ ਛਪਵਾ ਕੇ ਐਸ.ਸੀ.ਓ. 12 ਸੈਕਟਰ 21 ਸੀ. ਚੰਡੀਗੜ੍ਹ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: CHAPUN/2015/59762

Editor- Rajinder Singh. Printer, Publisher and Secretary Smt. Parkash Kaur Hamdard. Printed for Sadhu Singh Hamdard Trust at Daily Ajit Printers, D-219, Industrial area, Phase 8-B, Sector-74, Mohali and Published from SCO 12, Sector 21-C Chandigarh RNI Regd. No:- CHAPUN/2015/59762